ਬਿਲਾਵਲੁ ਮਹਲਾ ੫ ॥ ਜਿਨਿ ਤੂ ਬੰਧਿ ਕਰਿ ਛੋਡਿਆ ਫੁਨਿ ਸੁਖ ਮਹਿ ਪਾਇਆ ॥ ਸਦਾ ਸਿਮਰਿ ਚਰਣਾਰਬਿੰਦ ਸੀਤਲ ਹੋਤਾਇਆ ॥੧॥ ਜੀਵਤਿਆ ਅਥਵਾ ਮੁਇਆ ਕਿਛੁ ਕਾਮਿ ਨ ਆਵੈ ॥ ਜਿਨਿ ਏਹੁ ਰਚਨੁ ਰਚਾਇਆ ਕੋਊ ਤਿਸ ਸਿਉ ਰੰਗੁ ਲਾਵੈ ॥੧॥ ਰਹਾਉ ॥ ਰੇ ਪ੍ਰਾਣੀ ਉਸਨ ਸੀਤ ਕਰਤਾ ਕਰੈ ਘਾਮ ਤੇ ਕਾਢੈ ॥ ਕੀਰੀ ਤੇ ਹਸਤੀ ਕਰੈ ਟੂਟਾ ਲੇ ਗਾਢੈ ॥ ੨॥ ਅੰਡਜ ਜੇਰਜ ਸੇਤਜ ਉਤਭੁਜਾ ਪ੍ਰਭ ਕੀ ਇਹ ਕਿਰਤਿ ॥ ਕਿਰਤ ਕਮਾਵਨ ਸਰਬ ਫਲ ਰਵੀਐ ਹਰਿ ਨਿਰਤਿ ॥੩॥ ਹਮ ਤੇ ਕਛੂ ਨ ਹੋਵਨਾ ਸਰਣਿ ਪ੍ਰਭ ਸਾਧ ॥ ਮੋਹ ਮਗਨ ਕੂਪ ਅੰਧ ਤੇ ਨਾਨਕ ਗੁਰ ਕਾਢ ॥ ੪॥੩੦॥੬੦॥ {ਪੰਨਾ 816}

ਪਦਅਰਥ:- ਜਿਨਿ—ਜਿਸ (ਪਰਮਾਤਮਾ) ਨੇ। ਤੂ—ਤੈਨੂੰ। ਬੰਧਿ ਕਰਿ ਛੋਡਿਆ—ਬੰਨ੍ਹ ਕੇ ਰੱਖਿਆ ਹੋਇਆ ਸੀ। (ਮਾਂ ਦੇ ਪੇਟ ਵਿਚ)। ਫੁਨਿ—ਫਿਰ, (ਮਾਂ ਦੇ ਪੇਟ ਵਿਚੋਂ ਕੱਢ ਕੇ)। ਚਰਣਾਰਬਿੰਦ—{ਚਰਣ-ਅਰਬਿੰਦ। ਅਰਬਿੰਦ—ਕਮਲ ਫੁੱਲ} ਕੌਲ ਫੁੱਲ ਵਰਗੇ ਸੋਹਣੇ ਚਰਨ। ਸੀਤਲ—ਸ਼ਾਂਤ-ਚਿੱਤ। ਹੋਤਾਇਆ—ਹੋ ਜਾਈਦਾ ਹੈ।

ਅਥਵਾ—ਅਤੇ। ਜੀਵਤਿਆ—ਜੀਊਂਦਿਆਂ, ਇਸ ਲੋਕ ਵਿਚ। ਮੁਇਆ—ਮੁਇਆਂ, ਪਰਲੋਕ ਵਿਚ। ਕਾਮਿ—ਕੰਮ। ਤਿਸ ਕੋਊ—ਕੋਈ ਵਿਰਲਾ। ਸਿਉ—ਨਾਲ। ਰੰਗੁ—ਪ੍ਰੇਮ।1। ਰਹਾਉ।

ਉਸਨ—ਗਰਮੀ। ਸੀਤ—ਠੰਡਕ। ਕਰਤਾ—ਕਰਤਾਰ। ਘਾਮ ਤੇ—ਤਪਸ਼ ਤੋਂ। ਕੀਰੀ—ਕੀੜੀ। ਤੇ—ਤੋਂ। ਹਸਤੀ—ਹਾਥੀ। ਲੇ—ਲੈ ਕੇ, (ਆਪਣੇ ਚਰਨਾਂ ਨਾਲ ਲਾ ਕੇ)।2।

ਅੰਡਜ—ਅੰਡੇ ਤੋਂ ਪੈਦਾ ਹੋਏ ਜੀਵ, (ਪੰਛੀ ਆਦਿਕ)। ਜੇਰਜ—ਜਿਓਰ ਤੋਂ ਜੰਮੇ ਹੋਏ (ਮਨੁੱਖ ਅਤੇ ਪਸ਼ੂ)। ਸੇਤਜ—{ਸੇਤ—ਪਸੀਨਾ} ਮੁੜ੍ਹਕੇ ਤੋਂ ਜੰਮੇ ਹੋਏ (ਜੂੰਆਂ ਆਦਿਕ)। ਉਤਭੁਜਾ—ਪਾਣੀ ਦੀ ਮਦਦ ਨਾਲ ਧਰਤੀ ਵਿਚੋਂ ਜੰਮੇ ਹੋਏ (ਬਨਸਪਤੀ)। ਕਿਰਤਿ—ਰਚਨਾ। ਨਿਰਤਿ—{ਨਿ-ਰਤਿ। ਰਤਿ—ਪਿਆਰ, ਮੋਹ} ਨਿਰਮੋਹ ਹੋ ਕੇ।3।

ਹਮ ਤੇ—ਅਸਾਂ (ਜੀਵਾਂ) ਤੋਂ। ਪ੍ਰਭ—ਹੇ ਪ੍ਰਭੂ! ਸਰਣਿ ਸਾਧ—ਗੁਰੂ ਦੀ ਸਰਨ (ਰੱਖ)। ਮਗਨ—ਡੁੱਬੇ ਹੋਏ। ਕੂਪ—ਖੂਹ। ਅੰਧ—ਅੰਨ੍ਹਾ। ਗੁਰ—ਹੇ ਗੁਰੂ!।4।

ਅਰਥ:- (ਹੇ ਭਾਈ! ਜੇਹੜੀ ਮਾਇਆ) ਇਸ ਲੋਕ ਅਤੇ ਪਰਲੋਕ ਵਿਚ ਕਿਤੇ ਭੀ ਸਾਥ ਨਹੀਂ ਨਿਬਾਹੁੰਦੀ (ਜੀਵ ਉਸ ਨਾਲ ਸਦਾ ਮੋਹ ਪਾਈ ਰੱਖਦਾ ਹੈ)। ਜਿਸ ਪਰਮਾਤਮਾ ਨੇ ਇਹ ਸਾਰਾ ਜਗਤ ਪੈਦਾ ਕੀਤਾ ਹੈ, ਉਸ ਨਾਲ ਕੋਈ ਵਿਰਲਾ ਮਨੁੱਖ ਪਿਆਰ ਬਣਾਂਦਾ ਹੈ।1। ਰਹਾਉ।

ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ (ਪਹਿਲਾਂ ਮਾਂ ਦੇ ਪੇਟ ਵਿਚ) ਬੰਨ੍ਹ ਕੇ ਰੱਖਿਆ ਹੋਇਆ ਸੀ, ਫਿਰ (ਮਾਂ ਦੇ ਪੇਟ ਵਿਚੋਂ ਕੱਢ ਕੇ ਜਗਤ ਵਿਚ ਲਿਆ ਕੇ ਜਗਤ ਦੇ) ਸੁਖਾਂ ਵਿਚ ਲਿਆ ਵਸਾਇਆ ਹੈ, ਉਸ ਦੇ ਸੋਹਣੇ ਚਰਨ ਸਦਾ ਸਿਮਰਦਾ ਰਹੁ। (ਇਸ ਤਰ੍ਹਾਂ ਸਦਾ) ਸ਼ਾਂਤ-ਚਿੱਤ ਰਹਿ ਸਕੀਦਾ ਹੈ।1।

ਹੇ ਭਾਈ! (ਵਿਕਾਰਾਂ ਦੀ) ਗਰਮੀ ਅਤੇ (ਨਾਮ ਦੀ) ਠੰਢਕ ਪਰਮਾਤਮਾ ਆਪ ਹੀ ਬਣਾਂਦਾ ਹੈ, ਉਹ (ਆਪ ਹੀ ਵਿਕਾਰਾਂ ਦੀ) ਤਪਸ਼ ਵਿਚੋਂ ਕੱਢਦਾ ਹੈ। ਉਹ ਪ੍ਰਭੂ ਕੀੜੀ (ਨਾਚੀਜ਼ ਜੀਵ ਤੋਂ) ਹਾਥੀ (ਮਾਣ-ਆਦਰ ਵਾਲਾ) ਬਣਾ ਦੇਂਦਾ ਹੈ, (ਆਪਣੇ ਚਰਨਾਂ ਨਾਲੋਂ) ਟੁੱਟੇ ਹੋਏ ਜੀਵ ਨੂੰ ਉਹ ਆਪ ਹੀ (ਬਾਹੋਂ) ਫੜ ਕੇ (ਆਪਣੇ ਚਰਨਾਂ ਨਾਲ) ਗੰਢ ਲੈਂਦਾ ਹੈ (ਉਸੇ ਦੀ ਸਰਨ ਪਿਆ ਰਹੁ)।2।

(ਹੇ ਭਾਈ! ਦੁਨੀਆ ਵਿਚ) ਅੰਡੇ ਤੋਂ ਪੈਦਾ ਹੋਏ ਜੀਵ, ਜਿਓਰ ਤੋਂ ਜੰਮੇ ਹੋਏ ਜੀਵ, ਪਸੀਨੇ ਤੋਂ ਪੈਦਾ ਹੋਏ ਜੀਵ, ਸਾਰੀ ਬਨਸਪਤੀ—ਇਹ ਸਾਰੀ ਪਰਮਾਤਮਾ ਦੀ ਹੀ ਪੈਦਾ ਕੀਤੀ ਹੋਈ ਰਚਨਾ ਹੈ। ਉਸ ਪਰਮਾਤਮਾ ਦਾ ਨਾਮ (ਇਸ

ਰਚਨਾ ਤੋਂ) ਨਿਰਮੋਹ ਰਹਿ ਕੇ ਸਿਮਰਨਾ ਚਾਹੀਦਾ ਹੈ—ਇਹ ਕਮਾਈ ਕਰਨ ਨਾਲ (ਜੀਵਨ ਦੇ) ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ।3।

ਹੇ ਪ੍ਰਭੂ! ਅਸਾਂ ਜੀਵਾਂ ਪਾਸੋਂ ਕੁਝ ਭੀ ਨਹੀਂ ਹੋ ਸਕਦਾ (ਸਾਨੂੰ) ਗੁਰੂ ਦੀ ਸਰਨ ਪਾਈ ਰੱਖ। ਹੇ ਨਾਨਕ! (ਅਰਦਾਸ ਕਰਿਆ ਕਰ—) ਹੇ ਗੁਰੂ! ਅਸੀਂ ਜੀਵ ਮਾਇਆ ਦੇ ਮੋਹ ਵਿਚ ਡੁੱਬੇ ਰਹਿੰਦੇ ਹਾਂ, (ਸਾਨੂੰ ਮੋਹ ਦੇ ਇਸ) ਹਨੇਰੇ ਖੂਹ ਵਿਚੋਂ ਕੱਢ ਲੈ।4।3। 60।